# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :20-12-2025**

ਅੱਜ ਸਸ਼ਤਰ ਬਲ ਦੀ ਸਥਾਪਨਾ ਦਿਵਸ ਵਰ੍ਹੇਗੰਢ ਏ। ਇਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਧਾਈ ਦਿੱਤੀ ਏ। ਇਕ ਸੋਸ਼ਲ ਮੀਡੀਆ ਪੋਸਟ ਵਿਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਹਥਿਆਰਬੰਦ ਸਰਹੱਦੀ ਬਲ ਅਤੁੱਟ ਸਮਰਪਣ, ਸੇਵਾ ਅਤੇ ਕੁਰਬਾਨੀ ਦੀਆਂ ਸਿਖਰਲੀਆਂ ਰਵਾਇਤਾਂ ਨੂੰ ਦਰਸਾਉਂਦਾ ਏ। ਦੇਸ਼ ਦੀ ਰੱਖਿਆ ਵਿਚ ਹਥਿਆਰਬੰਦ ਸਰਹੱਦੀ ਬਲ ਦੇ ਜਵਾਨਾਂ ਦੀ ਭੂਮਿਕਾ ਬਾਰੇ ਸ਼੍ਰੀ ਮੋਦੀ ਨੇ ਕਿਹਾ ਕਿ ਇਹ ਬਲ ਦੇਸ਼ ਦੀ ਸੇਵਾ ਕਰਨ ਲਈ ਹਮੇਸ਼ਾ ਚੌਕਸ ਰਹਿੰਦਾ ਏ।

---------------------------------------------------------------------------

ਨਾਗਰਿਕ ਹਵਾਬਾਜ਼ੀ ਮੰਤਰਾਲਾ ਨੇ ਸਾਰੀਆਂ ਏਅਰਲਾਈਨਜ਼ ਨੂੰ ਧੁੰਦ ਦੀ ਸਥਿਤੀ ਦੇ ਮੱਦੇਨਜ਼ਰ ਯਾਤਰੀ ਸਹੂਲਤ ਮਾਪਦੰਡਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਹਦਾਇਤ ਕੀਤੀ ਏ। ਮੰਤਰਾਲੇ ਨੇ ਕਿਹਾ ਏ ਕਿ ਏਅਰਲਾਈਨਜ਼, ਵੇਲੇ ਸਿਰ ਅਤੇ ਸਹੀ ਉਡਾਣ ਬਾਰੇ ਜਾਣਕਾਰੀ ਸਾਂਝੀ

ਕਰਨ, ਲੰਬੀ ਦੇਰੀ ਦੌਰਾਨ ਭੋਜਨ ਅਤੇ ਰਿਫਰੈਸ਼ਮੈਂਟ ਦਾ ਇੰਤਜਾਮ ਕਰਨ ਅਤੇ ਉਡਾਣ ਰੱਦ ਹੋਣ ਦੀ ਸੂਰਤ ਵਿਚ ਮੁੜ ਬੁਕਿੰਗ ਜਾਂ ਰਿਫੰਡ ਦੀ ਸਹੂਲਤ ਯਕੀਨੀ ਬਣਾਉਣ । ਮੰਤਰਾਲੇ ਨੇ ਇਹ ਵੀ ਤਾਕੀਦ ਕੀਤੀ ਕਿ ਅਪਾਹਜ ਵਿਅਕਤੀਆਂ ਨੂੰ ਖਾਸ ਤੌਰ ਉੱਤੇ ਮਦਦ ਮੁਹੱਈਆ ਕਰਵਾਈ ਜਾਵੇ।

---------------------------------------------------------------------

ਪੰਜਾਬ ਸਰਕਾਰ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸੂਬੇ ਦੇ ਸਾਰੇ ਸਰਕਾਰੀ ਸਕੂਲਾਂ ਵਿਚ ਅੱਜ ਮੈਗਾ ਮਾਪੇ-ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ। ਅੱਜ ਸਵੇਰੇ ਸਾਢੇ 9 ਵਜੇ ਤੋਂ ਸ਼ੁਰੂ ਹੋ ਕੇ ਇਹ ਮਿਲਣੀ ਦੁਪਹਿਰ ਢਾਈ ਵਜੇ ਤੱਕ ਜਾਰੀ ਰਹੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ  ਮੈਗਾ ਮਾਪੇ-ਅਧਿਆਪਕ ਮਿਲਣੀ ਦਾ ਮਕਸਦ ਸਰਕਾਰੀ ਸਕੂਲਾਂ ਵਿਚ ਅਧਿਆਪਕਾਂ ਤੇ ਵਿਦਿਆਰਥੀਆਂ ਦੇ ਮਾਪਿਆਂ ਵਿਚ ਨੇੜਤਾ ਕਾਇਮ ਕਰਨਾ ਏ ਤੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਲੀਹਾਂ ਉੱਤੇ ਤੋਰਨਾ ਏ। ਇਸ ਮਿਲਣੀ ਵਿਚ ਵਿਦਿਆਰਥੀਆਂ ਦੇ ਮਾਪਿਆਂ ਕੋਲੋਂ ਪੜ੍ਹਾਈ ਵਿਚ ਸੁਧਾਰ ਸਬੰਧੀ ਸੁਝਾਅ ਲਏ ਜਾਣਗੇ।

---------------------------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਪ੍ਰਸ਼ਾਸਕੀ ਕਾਰਨਾਂ ਕਰ ਕੇ PU-CET (U.G.) ਦਾਖਲਾ ਪ੍ਰੀਖਿਆ ਅਤੇ ਪੰਜਾਬ ਯੂਨੀਵਰਸਿਟੀ

ਟੂਰਿਜ਼ਮ ਐਂਡ ਹੋਸਪਿਟੈਲਿਟੀ ਐਪਟੀਟਿਊਡ ਟੈਸਟ (PU TH AT) 2026 ਨੂੰ ਮੁਲਤਵੀ ਕਰ ਦਿੱਤਾ ਏ । PU-CET (U.G.) 2026 ਦੀ ਪ੍ਰੀਖਿਆ, ਪਹਿਲਾਂ 28 ਦਸੰਬਰ ਨੂੰ ਹੋਣੀ ਸੀ ਪਰ ਹੁਣ 10 ਮਈ 2026 ਨੂੰ ਕਰਵਾਈ ਜਾਵੇਗੀ। ਇਸੇ ਤਰ੍ਹਾਂ, PU TH AT 2026 ਪ੍ਰੀਖਿਆ, ਜਿਹੜੀ ਕਿ ਪਹਿਲਾਂ 9 ਜਨਵਰੀ 2026 ਨੂੰ ਹੋਣੀ ਸੀ, ਹੁਣ 15 ਮਈ 2026 ਨੂੰ ਹੋਵੇਗੀ। ਪ੍ਰੀਖਿਆਵਾਂ ਸਬੰਧੀ ਸੋਧਿਆ ਹੋਇਆ ਪ੍ਰੋਗਰਾਮ, ਪੰਜਾਬ ਯੂਨੀਵਰਸਿਟੀ ਦੀਆਂ ਅਧਿਕਾਰਤ ਵੈੱਬਸਾਈਟਾਂ ‘ਤੇ ਮੌਜੂਦ ਏ।

---------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵਿਦਿਆਰਥੀਆਂ ਨੂੰ ਰਾਸ਼ਟਰ ਨਿਰਮਾਣ ਵਿਚ ਹਿੱਸੇਦਾਰ ਬਣਨ ਦਾ ਸੱਦਾ ਦਿੱਤਾ ਏ। ਰਾਜਪਾਲ ਕਟਾਰੀਆ ਨੇ ਇਹ ਪ੍ਰਗਟਾਵਾ ਮੋਹਾਲੀ ਨੇੜੇ ਚੰਡੀਗੜ੍ਹ ਗਰੁੱਪ ਆਫ ਕਾਲਜਿਜ਼ ਦੇ 19ਵੇਂ ਡਿਗਰੀ ਵੰਡ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੀਤਾ ਏ। ਇਸ ਮੌਕੇ ਉਨ੍ਹਾਂ ਨੇ ਸੈਂਕੜੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ।

ਉਨਾਂ ਕਿਹਾ ਕਿ

Byte

ਆਪਣੇ ਸੰਬੋਧਨ ਵਿਚ ਰਾਜਪਾਲ ਕਟਾਰੀਆ ਨੇ ਵਿਕਸਿਤ ਭਾਰਤ ਦੀ ਗੱਲ ਕੀਤੀ ਤੇ ਸਭ ਨੂੰ ਇਸ ਲਈ ਯੋਗਦਾਨ ਪਾਉਣ ਦੀ ਅਪੀਲ ਕੀਤੀ।

------------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕੱਲ੍ਹ 'ਹੁਨਰ ਸਿੱਖਿਆ ਸਕੂਲ' ਹੈਂਡਬੁੱਕ ਲਾਂਚ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਅਕਾਦਮਿਕ ਸਾਲ 2025-26 ਲਈ 40 ਸਕੂਲਾਂ ਵਿਚ ਸ਼ੁਰੂ ਕੀਤੇ ਗਏ "ਹੁਨਰ ਸਿੱਖਿਆ ਸਕੂਲ" ਪ੍ਰੋਗਰਾਮ ਦਾ ਮਕਸਦ ਗਿਆਰ੍ਹਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਨਵੇਂ ਯੁੱਗ ਦੀਆਂ ਜ਼ਰੂਰਤਾਂ ਮੁਤਾਬਕ ਹੁਨਰਮੰਦ ਬਣਾਉਣਾ ਏ। ਚੰਡੀਗੜ੍ਹ ਵਿਚ ਕਰਵਾਏ ਸਮਾਰੋਹ ਦੌਰਾਨ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ 2 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਲੈ ਕੇ ਕੀਤੇ ਗਏ ਸਰਵੇਖਣ ਅਤੇ ਰਾਸ਼ਟਰੀ ਅੰਕੜਿਆਂ ਨੇ ਕੌੜੀ ਹਕੀਕਤ ਪੇਸ਼ ਕੀਤੀ ਏ ਕਿ ਸਕੂਲੀ ਪੜ੍ਹਾਈ ਤੋਂ ਬਾਅਦ 45 ਫੀਸਦੀ ਤੋਂ ਵੱਧ ਵਿਦਿਆਰਥੀ, ਨੌਕਰੀ ਲਈ ਤਿਆਰ ਨਹੀਂ ਹੁੰਦੇ। ਇਸ ਲਈ ਪੰਜਾਬ ਸਰਕਾਰ ਨੇ ਹੁਨਰ ਦੇ ਇਸ ਪਾੜੇ ਨੂੰ ਪੂਰਨ ਲਈ ਇਹ ਪਹਿਲਕਦਮੀ ਕੀਤੀ ਏ।

------------------------------------------------------------------

ਪੰਜਾਬ ਦੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਸ੍ਰੀ ਮੁਕਤਸਰ ਸਾਹਿਬ ਵਿਚ ਬੇਟੀ ਬਚਾਓ, ਬੇਟੀ ਪੜ੍ਹਾਓ ਯੋਜਨਾ ਅਧੀਨ ਰੋਜ਼ਗਾਰ

ਕੈਂਪ ਲਗਾਇਆ ਗਿਆ। ਇਸ ਮੇਲੇ ਵਿਚ 10 ਕੰਪਨੀਆਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ ਅਤੇ 500 ਤੋਂ ਵੱਧ ਅਸਾਮੀਆਂ ਲਈ ਇੰਟਰਵਿਊ ਕੀਤੀ। ਰੋਜ਼ਗਾਰ ਮੇਲੇ ਵਿਚ 271 ਉਮੀਦਵਾਰਾਂ ਨੇ ਕੰਪਨੀਆਂ ਨੂੰ ਆਪਣੇ ਵੇਰਵੇ ਦਿੱਤੇ। ਰੋਜ਼ਗਾਰ ਦਫਤਰ ਦੇ ਨੁਮਾਇੰਦੇ ਮੁਤਾਬਕ ਉਮੀਦਵਾਰਾਂ ਵਿੱਚੋਂ 149 ਦੀ ਨਿਯੁਕਤੀ ਮੌਕੇ ਉੱਤੇ ਕੀਤੀ ਗਈ ਤੇ 13 ਨਿਯੁਕਤ ਲੜਕੀਆਂ ਨੂੰ ਨੌਕਰੀ ਲਈ ਪੇਸ਼ਕਸ਼-ਪੱਤਰ ਦਿੱਤੇ ਗਏ।

---------------------------------------------------------------------